# ਲਾਵਾਂ

## ਸੂਹੀ ਮਹਲਾ ੪ ॥

ਹਰਿ ਪਹਿਲੜੀ ਲਾਵ ਪਰਵਿਰਤੀ ਕਰਮ ਦ੍ਰਿੜਾਇਆ ਬਲਿ ਰਾਮ ਜੀਉ ॥ ਬਾਣੀ ਬ੍ਰਹਮਾ ਵੇਦੁ ਧਰਮੁ ਦ੍ਰਿੜਹੁ ਪਾਪ ਤਜਾਇਆ ਬਲਿ ਰਾਮ ਜੀਉ ॥ ਧਰਮੁ ਦ੍ਰਿੜਹੁ ਹਰਿ ਨਾਮੁ ਧਿਆਵਹੁ ਸਿਮ੍ਰਿਤਿ ਨਾਮੁ ਦ੍ਰਿੜਾਇਆ ॥ ਸਤਿਗੁਰੁ ਗੁਰੁ ਪੂਰਾ ਆਰਾਧਹੁ ਸਭਿ ਕਿਲਵਿਖ ਪਾਪ ਗਵਾਇਆ॥ ਸਹਜ ਅਨੰਦੁ ਹੋਆ ਵਡਭਾਗੀ ਮਨਿ ਹਰਿ ਹਰਿ ਮੀਠਾ

ਲਾਇਆ ॥ ਜਨੁ ਕਹੈ ਨਾਨਕੁ ਲਾਵ ਪਹਿਲੀ ਆਰੰਭੁ ਕਾਜੁ ਰਚਾਇਆ ॥੧॥

ਹਰਿ ਦੂਜੜੀ ਲਾਵ ਸਤਿਗੁਰੁ ਪੁਰਖੁ ਮਿਲਾਇਆ ਬਲਿ ਰਾਮ ਜੀਉ ॥ ਨਿਰਭਉ ਭੈ ਮਨੁ ਹੋਇ ਹਉਮੈ ਮੈਲੁ ਗਵਾਇਆ ਬਲਿ ਰਾਮ ਜੀਉ ॥ ਨਿਰਮਲੁ ਭਉ ਪਾਇਆ ਹਰਿ ਗੁਣ ਗਾਇਆ ਹਰਿ ਵੇਖੈ ਰਾਮੁ ਹਦੂਰੇ ॥ ਹਰਿ ਆਤਮ ਰਾਮੁ ਪਸਾਰਿਆ ਸੁਆਮੀ ਸਰਬ ਰਹਿਆ ਭਰਪੂਰੇ ॥ ਅੰਤਰਿ ਬਾਹਰਿ ਹਰਿ ਪ੍ਰਭੁ ਏਕੋ ਮਿਲਿ ਹਰਿ ਜਨ ਮੰਗਲ ਗਾਏ ॥

ਜਨ ਨਾਨਕ ਦੂਜੀ ਲਾਵ ਚਲਾਈ ਅਨਹਦ ਸਬਦ ਵਜਾਏ ॥੨॥

ਹਰਿ ਤੀਜੜੀ ਲਾਵ ਮਨਿ ਚਾਉ ਭਇਆ ਬੈਰਾਗੀਆ ਬਲਿ ਰਾਮ ਜੀਉ ॥ ਸੰਤ ਜਨਾ ਹਰਿ ਮੇਲੁ ਹਰਿ ਪਾਇਆ ਵਡਭਾਗੀਆ ਬਲਿ ਰਾਮ ਜੀਉ ॥ ਨਿਰਮਲੁ ਹਰਿ ਪਾਇਆ ਹਰਿ ਗੁਣ ਗਾਇਆ ਮੁਖਿ ਬੋਲੀ ਹਰਿ ਬਾਣੀ ॥ ਸੰਤ ਜਨਾ ਵਡਭਾਗੀ ਪਾਇਆ ਹਰਿ ਕਥੀਐ ਅਕਥ ਕਹਾਣੀ ॥ ਹਿਰਦੈ ਹਰਿ ਹਰਿ ਹਰਿ ਧੁਨਿ ਉਪਜੀ ਹਰਿ ਜਪੀਐ ਮਸਤਕਿ

ਭਾਗੁ ਜੀਉ ॥ ਜਨੁ ਨਾਨਕੁ ਬੋਲੇ ਤੀਜੀ ਲਾਵੈ ਹਰਿ ਉਪਜੈ ਮਨਿ ਬੈਰਾਗੁ ਜੀਉ ॥੩॥

ਹਰਿ ਚਉਥੜੀ ਲਾਵ ਮਨਿ ਸਹਜੁ ਭਇਆ ਹਰਿ ਪਾਇਆ ਬਲਿ ਰਾਮ ਜੀਉ॥ ਗੁਰਮੁਖਿ ਮਿਲਿਆ ਸੁਭਾਇ ਹਰਿ ਮਨਿ ਤਨਿ ਮੀਠਾ ਲਾਇਆ ਬਲਿ ਰਾਮ ਜੀਉ ॥ ਹਰਿ ਮੀਠਾ ਲਾਇਆ ਮੇਰੇ ਪ੍ਰਭ ਭਾਇਆ ਅਨਦਿਨੁ ਹਰਿ ਲਿਵ ਲਾਈ ॥ ਮਨ ਚਿੰਦਿਆ ਫਲੁ ਪਾਇਆ ਸੁਆਮੀ ਹਰਿ ਨਾਮਿ ਵਜੀ ਵਾਧਾਈ ॥ ਹਰਿ ਪ੍ਰਭਿ

ਠਾਕੁਰਿ ਕਾਜੁ ਰਚਾਇਆ ਧਨ ਹਿਰਦੈ ਨਾਮਿ ਵਿਗਾਸੀ ॥ ਜਨੁ ਨਾਨਕੁ ਬੋਲੇ ਚਉਥੀ ਲਾਵੈ ਹਰਿ ਪਾਇਆ ਪ੍ਰਭੁ ਅਵਿਨਾਸੀ ॥੪॥੨॥